ਪ੍ਰੈਸ ਨੋਟ

ਤਰਨਤਾਰਨ, 6 ਸਤੰਬਰ :

ਜਿਲ੍ਹੇ ਦੇ ਸਮੂਹ ਸਰਕਾਰੀ/ਪ੍ਰਾਈਵੇਟ/ਏਡਿਡ ਸਕੂਲਾਂ ਦੇ ਮੁੱਖੀਆਂ ਨੂੰ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਤਰਨ ਤਾਰਨ ਸ੍ਰ. ਨਿਰਮਲ ਸਿੰਘ ਨੇ ਹਦਾਇਤ ਕਰਦਿਆਂ ਕਿਹਾ ਕਿ ਉਹ ਐਸ. ਸੀ. ਤੇ ਬੀ. ਸੀ. ਵਿਦਿਆਰਥੀਆਂ ਦੇ ਵਜ਼ੀਫਾ ਲਈ ਡਾ. ਅੰਬੇਦਕਰ ਪੋਰਟਲ (www.punjabscholarships.govt.in) ’ਤੇ ਆਨਲਾਈਨ ਅਪਲਾਈ ਕਰਨ।

ਉਨ੍ਹਾਂ ਦੱਸਿਆ ਕਿ ਇਸ ਸਕੀਮ ਵਿੱਚ ਉਹ ਐਸ. ਸੀ. ਵਿਦਿਆਰਥੀ ਆਉਂਦੇ ਹਨ, ਜਿਨ੍ਹਾਂ ਦੇ ਮਾਪਿਆਂ ਦੀ ਸਲਾਨਾ ਆਮਦਨ ਹੱਦ ਦੋ ਲੱਖ ਪੰਜਾਹ ਹਜ਼ਾਰ ਰੁਪਏ ਤੋਂ ਘੱਟ ਹੁੰਦੀ ਹੈ ਅਤੇ ਬੀ. ਸੀ. ਵਿਦਿਆਰਥੀਆਂ ਦੇ ਮਾਪਿਆਂ ਦੀ ਆਮਜਨ 1 ਲੱਖ ਰੁਪਏ ਤੋਂ ਘੱਟ ਹੋਣੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਅਜਿਹੇ ਵਿਦਿਆਰਥੀ ਵਜ਼ੀਫੇ ਦੀ ਸਹੂਲਤ ਲਈ ਇਸ ਸਕੀਮ ਵਿੱਚ ਅਪਲਾਈ ਕਰ ਸਕਦੇ ਹਨ।

ਉਨ੍ਹਾਂ ਕਿਹਾ ਕਿ ਜੇਕਰ ਕੋਈ ਸਕੂਲ ਇਸ ਪੋਰਟਲ ’ਤੇ ਰਜਿਸਟਰਡ ਹੋਣ ਤੋਂ ਵਾਂਝਾ ਰਹਿੰਦਾ ਹੈ ਤਾਂ ਉਹ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਕਮਰਾ ਨੰਬਰ 314 ਤੀਜੀ ਮੰਜ਼ਿਲ ਵਿਖੇ ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਤਰਨਤਾਰਨ ਦੀ ਵਜੀਫਾ ਸ਼ਾਖਾ ਨਾਲ ਸੰਪਰਕ ਕਰ ਸਕਦੇ ਹਨ। ਉਨ੍ਹਾਂ ਸਾਰੇ ਸਕੂਲ ਮੁਖੀਆਂ ਨੂੰ ਹਦਾਇਤ ਕੀਤੀ ਕਿ ਬਿਨਾ ਕਿਸੇ ਦੇਰੀ ਤੋਂ ਆਪਣੇ ਸਕੂਲ ਵਿਚ ਪੜਦੇ ਸਾਰੇ ਵਿਦਿਆਰਥੀਆਂ ਦੇ ਈ-ਪੰਜਾਬ ਪੋਰਟਲ ਤੇ ਅਧਾਰ ਕਾਰਡ ਅਪਡੇਟ ਕਰਨੇ ਯਕੀਨੀ ਬਣਾਏ ਜਾਣ।

--